ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ 'ਤੇ ਵਿਸ਼ੇਸ਼

ਸਾਕਾ ਸਰਹਿੰਦ : ਜਿਸ ਨੇ ਇਤਿਹਾਸ ਦਾ ਰੁਖ਼ ਬਦਲ ਦਿਤਾ

ਡਾ. ਹਰਚੰਦ ਸਿੰਘ ਸਰਹਿੰਦੀ

ਸਿੰਘ ਕੌਮ ਉਸ ਫ਼ੌਲਾਦ ਦੀ ਉਪਜ ਹੈ, ਜਿਸ ਨੂੰ ਸੈਂਕੜੇ ਵਰ੍ਹੇ ਕੁਠਾਲੀ ਵਿਚ ਪਾ ਕੇ ਅਤੇ ਮਘਦੀ ਭੱਠੀ ਵਿਚ ਰੱਖ ਕੇ ਤਿਆਰ ਕੀਤਾ ਗਿਆ ਅਤੇ ਫਿਰ ਸਮੇਂ-ਸਮੇਂ ਸਿਰ ਇਸ ਦੀ ਸ਼ਕਤੀ ਤੇ ਸ਼ੁਧਤਾ ਨੂੰ ਪਰਖਿਆ ਗਿਆ। ਮੰਤ ਦਾ ਉਹ ਰਿਹਤਬਾ ਚੰਗ ਹੋਵੇਗਾ, ਜੋ ਸਮੇਂ ਦੇ ਜਾਬਰ ਹੁਕਮਰਾਨਾਂ ਵਲੋਂ ਸਿੱਖਾਂ 'ਤੇ ਨਾ ਅਜ਼ਮਾਇਆ ਗਿਆ ਹੋਵੇ। ਇਸ ਤਰ੍ਹਾਂ ਸਿੱਖ ਇਤਿਹਾਸ ਵਿਚ ਸ਼ਹਾਦਤ ਦੀਆਂ ਉਪਰੋਥੱਲੀ ਵਾਪਰੀਆਂ ਘਟਨਾਵਾਂ ਨੇ ਭਾਰਤੀ ਕੌਮ ਰੂਪੀ ਬੋਗਲ ਲੰਗੀ ਲੋਹੇ ਨੂੰ ਫ਼ੋਲਾਦ ਵਿਚ ਬਦਲ ਕੇ ਬੇਹੱਦ ਸ਼ਕਤੀਸ਼ਾਲੀ ਬਣਾ ਦਿਤਾ ਜਾਂ ਇੰਜ ਕਹਿ ਲਵੋ ਕਿ ਤੱਤੀਆਂ ਤਵੀਆਂ ਨੇ, ਉਬਲਦੀਆਂ ਦੇਗਾਂ ਨੇ, ਆਰਿਆਂ ਦੇ ਦੰਦਿਆਂ ਨੇ, ਚਰਖ਼ਡੋਲਾਂ ਦੇ ਹੁਲਾਰਿਆਂ ਨੇ, ਰੰਬੀਆਂ ਦੀਆਂ ਧਾਰਾਂ ਨੇ, ਸਰਹਿੰਦ ਦੀਆਂ ਨੀਹਾਂ ਨੇ, ਚਮਕੌਰ ਵਰਗੀਆਂ ਬੇਸ਼ੁਮਾਰ ਜੰਗਾਂ ਨੇ ਅਤੇ ਕੰਟਤਬਾਦੀਆਂ ਵਲੋਂ ਸਮੇਂ ਸਮੇਂ ਸਿਰ ਖੰਡੀ ਮੂਨ ਦੀ ਹੋਲੀ ਨੇ ਸਿੱਖਾਂ ਵਿਚ ਸਬੰਮਨਤਾ, ਬੀਰ ਰਸ, ਚੜ੍ਹਦੀ ਕਲਾ ਅਤੇ ਸੱਚ ਤੇ ਹੱਕ ਦਾ ਜਜ਼ਬਾ ਪੈਦਾ ਕੀਤਾ ਅਤੇ ਉਨ੍ਹਾਂ ਵਿਚ ਨਵੀਂ ਚੇਤਨਾ ਭਰ ਕੇ ਨਵ-ਜੀਵਨ ਬਖ਼ਸ਼ਿਆ, ਸਹੀ ਜੀਵਨ ਜਾਚ ਦੱਸੀ ਅਤੇ ਅਣਖ ਨਾਲ ਜਿਊਣਾ ਤੇ ਮਰਨਾ ਸਿਖਾਇਆ। ਇਸ ਤਰ੍ਹਾਂ ਪਿਛਲੇ ਤਿੰਨ ਸੌ ਸਾਲਾਂ ਦਾ ਸਿੱਖ ਇਤਿਹਾਸ ਲਹੂ ਨਾਲ ਲਥਪਥ ਹੈ ਜਾਂ ਕਹਿ ਲਵੋ ਕਿ ਸਿੱਖਾਂ ਨੇ ਇਤਿਹਾਸ ਦੇ ਹਰ ਅੰਗ ਨੂੰ ਅਪਣੇ ਲਹੂ ਨਾਲ ਸਿੰਗਾਰਿਆ ਹੈ। ਸਾਕਾ ਸਰਹਿੰਦ ਇਸ ਸਿਰਨਵ ਲੜੀ ਦਾ ਸੱਭ ਤੋਂ ਵੱਧ ਕੀਮਤੀ ਮਣਕਾ ਹੈ।

ਜਿਸ ਕਿਸੇ ਨੇ ਵੀ ਸਿੱਖ ਇਤਿਹਾਸ ਨੂੰ ਗਹੁ ਨਾਲ ਪੜ੍ਹਿਆ, ਘੋਖਿਆ ਤੇ ਵਿਚਾਰਿਆ ਹੈ, ਉਹ ਇਸ ਤੱਥ ਤੋਂ ਬਾਖ਼ੂਬੀ ਵਾਕਫ਼ ਹੋਵੇਗਾ ਕਿ ਪਿਛਲੇ ਤਿੰਨ ਸੌ ਸਾਲਾਂ ਦੌਰਾਨ ਜੋ ਸਿੱਖ ਇਤਿਹਾਸ ਲਹੂ ਨਾਲ ਲਥਪਥ ਹੋਇਆ ਹੈ, ਉਸ ਦੇ ਪਿਛੋਕੜ ਵਿਚ ਸਿੱਖਾਂ ਦੀ ਤਵਾਰੀਖ਼ ਦੇ ਦੋ ਅਹਿਮ ਕਾਂਡ ਹਨ। ਇਕ ਕਾਂਡ ਹੈ ਸਿੱਖਾਂ ਦੀ ਸ਼ਹੀਦੀ ਦਾ ਅਤੇ ਦੂਜਾ ਕਾਂਡ ਹੈ ਸਿੱਖਾਂ ਦੀ ਸ਼ਹੀਦੀ ਦਾ ਬਦਲਾ ਲੈਣ ਦਾ। ਸਿੱਖ ਇਤਿਹਾਸ ਦੇ ਇਹ ਦੋਵੇਂ ਕਾਂਡ ਇਕ ਦੂਜੇ ਨਾਲ ਇਸ ਤਰ੍ਹਾਂ ਜੁੜੇ ਹੋਏ ਹਨ ਕਿ ਇਨ੍ਹਾਂ ਨੂੰ ਇਕ ਦੂਜੇ ਤੋਂ ਵੱਖ ਕਰ ਕੇ ਵੇਖਣਾ ਸੰਭਵ ਨਹੀਂ ਹੈ। ਇਹ ਦੋਵੇਂ ਕਾਂਡ ਇਕ ਦੂਜੇ ਦੇ ਪੂਰਕ ਹਨ। ਇਹ ਦੋਵੇਂ ਕਾਂਡ ਇਕ ਦੂਜੇ ਦੇ ਪ੍ਰੇਰਕ ਹਨ